ਦਫ਼ਤਰ ਜਿਲ੍ਹਾਂ ਲੋਕ ਸੰਪਰਕ ਅਫ਼ਸਰ ਫਾਜ਼ਿਲਕਾ

## ਅਨੁਸੂਚਿਤ ਜਾਤੀ ਅਤੇ ਪੱਛੜੀ ਜਾਤੀ ਦੇ ਲੋਕ ਲੈ ਸਕਣਗੇ ਸਕੀਮ ਦਾ ਲਾਹਾ

### ਪੋਸਟ ਮੈਟ੍ਰਿਕ ਸਕਾਲਰਸ਼ਿਪ ਸਬੰਧੀ ਉਪ ਮੰਡਲ ਪੱਧਰੀ ਕਮੇਟੀ ਦੀ ਹੋਈ ਮੀਟਿੰਗ

### 24 ਅਕਤੂਬਰ ਤੱਕ ਦਿੱਤੀਆਂ ਜਾ ਸਕਦੀਆਂ ਨੇ ਅਰਜ਼ੀਆਂ

ਫਾਜ਼ਿਲਕਾ 11 ਅਕਤੂਬਰ

ਡਿਪਟੀ ਕਮਿਸ਼ਨਰ ਫਾਜ਼ਿਲਕਾ ਸ੍ਰੀਮਤੀ ਈਸ਼ਾ ਕਾਲੀਆ ਦਿਸ਼ਾਂ ਨਿਰਦੇਸ਼ਾ ਅਨੁਸਾਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਬੰਧੀ ਉਪ ਮੰਡਲ ਪੱਧਰੀ ਕਮੇਟੀ ਦੀ ਮੀਟਿੰਗ ਉਪ ਮੰਡਲ ਮੈਜਿਸਟਰੇਟ-ਕਮ-ਚੇਅਰਮੈਨ ਪੋਸਟ ਮੈਟ੍ਰਿਕ ਸਕਾਲਰਸ਼ਿਪ ਸ੍ਰੀ ਬਲਬੀਰ ਰਾਜ ਸਿੰਘ ਦੀ ਪ੍ਰਧਾਨਗੀ ਹੇਠ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਸਬੰਧੀ ਮੀਟਿੰਗ ਹੋਈ। ਇਸ ਦੌਰਾਨ ਪੰਜਾਬ ਸਰਕਾਰ ਵੱਲੋ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ੍ਰੇਣੀਆਂ ਦੇ ਯੋਗ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਆਨਲਾਈਨ ਅਰਜੀਆ ਲੈਣ ਦੀ ਪ੍ਰਕਿਰਿਆ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਅਰਜ਼ੀਆਂ ਲੈਣ ਦੀ  ਆਨਲਾਈਨ ਪ੍ਰਕਿਰਿਆ 25 ਸਤੰਬਰ 2017  ਤੋ ਸ਼ੁਰੂ ਹੋ ਚੁੱਕੀ ਹੈ ਜਿਸ ਦੀ ਆਖਰੀ ਮਿਤੀ 24 ਅਕਤੂਬਰ 2017 ਤੱਕ ਨਿਰਧਾਰਿਤ ਕੀਤੀ ਗਈ ਹੈ।

ਉਪ ਮੰਡਲ ਮੈਜਿਸਟਰੇਟ-ਕਮ-ਚੇਅਰਮੈਨ ਨੇ ਦੱਸਿਆ ਕਿ ਇਸ ਸਕੀਮ ਦੀ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ ਲਈ ਡਾ: ਅੰਬੇਦਕਰ ਸਕਾਲਰਸ਼ਿਪ ਪੋਰਟਲ ਇਕ ਅਹਿਮ ਕੜੀ ਹੈ। ਉਨ੍ਹਾਂ ਦੱਸਿਆ ਕਿ 24 ਅਕਤੂਬਰ 2017 ਤੱਕ ਵਿਦਿਆਰਥੀ ਇਸ ਪੋਰਟਲ ਤੋਂ ਅਪਲਾਈ ਕਰ ਸਕਦੇ ਹਨ। ਇਸ ਮੌਕੇ ਉਨ੍ਹਾਂ ਨੇ ਹਦਾਇਤ ਕੀਤੀ ਕਿ ਕੋਈ ਵੀ ਸੰਸਥਾ ਜਾਅਲੀ ਕਲੇਮ ਜਾਂ ਗਲਤ ਸਕਾਲਰਸ਼ਿਪ ਕਲੇਮ ਕਰਦੀ ਹੈ ਤਾਂ ਉਸ ਸੰਸਥਾ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾਂ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆ ਤਹਿਸੀਲ ਭਲਾਈ ਅਫ਼ਸਰ, ਫਾਜ਼ਿਲਕਾ ਸ੍ਰੀ ਅਸ਼ੋਕ ਕੁਮਾਰ ਨੇ ਦੱਸਿਆ ਕਿ ਭਲਾਈ ਵਿਭਾਗ ਨੇ ਸਾਲ 2017-18 ਤੋਂ ਸਕੀਮ ਨੂੰ ਪਾਰਦਰਸ਼ੀ ਬਣਾਉਣ ਲਈ ਆਧਾਰ ਨਾਲ ਜੋੜਨ ਦਾ ਨਿਵੇਕਲਾ ਉਪਰਾਲਾ ਕੀਤਾ ਹੈ ਤਾਂ ਜੋ ਜਾਅਲੀ ਅਤੇ ਡੁਪਲੀਕੇਸੀ ਪ੍ਰਕਿਰਿਆ ’ਤੇ ਨੱਥ ਪਾਈ ਜਾ ਸਕੇ। ਉਨ੍ਹਾਂ ਇਥੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਆਨਲਾਈਨ ਕਰਦੇ ਸਮੇ ਕੋਈ ਵੀ ਮੁਸ਼ਕਿਲ ਪੇਸ ਆਉਦੀ ਹੈ ਤਾਂ ਲਾਈਨ ਵਿਭਾਗ ਦੇ ਨੋਡਲ ਅਫ਼ਸਰ ਜਾਂ ਭਲਾਈ ਵਿਭਾਗ ਨਾਲ 0172-2600588 ਤੇ ਸੰਪਰਕ ਕੀਤਾ ਜਾ ਸਕਦਾ ਹੈ।